# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ

## 13:10

## ਮਿਤੀ :01-09-2026

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ ਨੇ ਦੱਸਿਆ ਏ ਕਿ 28 ਅਗਸਤ ਤੱਕ ਸਾਉਣੀ ਦੀਆਂ ਫਸਲਾਂ ਹੇਠ ਬੀਜਿਆ ਗਿਆ ਰਕਬਾ 171 ਲੱਖ ਹੈਕਟੇਅਰ ਤੋਂ ਵੱਧ ਹੋ ਗਿਆ ਏ । ਮੰਤਰਾਲੇ ਨੇ ਦੱਸਿਆ ਕਿ 414 ਲੱਖ ਹੈਕਟੇਅਰ ਤੋਂ ਵੱਧ ਰਕਬੇ ਵਿੱਚ ਝੋਨੇ ਦੀ ਕਾਸ਼ਤ ਕੀਤੀ ਗਈ ਏ, ਜਦੋਂ ਕਿ 115 ਲੱਖ ਹੈਕਟੇਅਰ ਤੋਂ ਵੱਧ ਰਕਬੇ ਵਿੱਚ ਦਾਲਾਂ ਦੀ ਬਿਜਾਈ ਕੀਤੀ ਗਈ ਏ। ਮੰਤਰਾਲੇ ਦੇ ਅਨੁਸਾਰ, 177 ਲੱਖ ਹੈਕਟੇਅਰ ਤੋਂ ਵੱਧ ਰਕਬੇ ਵਿੱਚ ਅਨਾਜ ਅਤੇ ਮੋਟੇ ਅਨਾਜ ਦੀ ਕਾਸ਼ਤ ਕੀਤੀ ਗਈ ਏ। ਇਸ ਤੋਂ ਇਲਾਵਾ, 190 ਲੱਖ ਹੈਕਟੇਅਰ ਤੋਂ ਵੱਧ ਰਕਬੇ ਵਿੱਚ ਤੇਲ ਬੀਜਾਂ ਦੀ ਕਾਸ਼ਤ ਕੀਤੀ ਗਈ ਏ । ਮੰਤਰਾਲੇ ਨੇ ਇਹ ਵੀ ਦੱਸਿਆ ਕਿ 108 ਲੱਖ ਹੈਕਟੇਅਰ ਤੋਂ ਵੱਧ ਰਕਬੇ ਵਿੱਚ ਕਪਾਹ ਦੀ ਕਾਸ਼ਤ ਕੀਤੀ ਗਈ ਏ। ਮੰਤਰਾਲੇ ਨੇ ਕਿਹਾ ਕਿ 58 ਲੱਖ ਹੈਕਟੇਅਰ ਤੋਂ ਵੱਧ ਰਕਬੇ ਵਿੱਚ ਗੰਨੇ ਦੀ ਕਾਸ਼ਤ ਕੀਤੀ ਗਈ ਏ।

------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਨੇ ਹਮੇਸ਼ਾ ਫਿਰਕੂ ਸਦਭਾਵਨਾ ਦੀ ਮਿਸਾਲ ਕਾਇਮ ਕੀਤੀ ਏ ਜਿੱਥੇ ਲੋਕ

ਇੱਕ-ਦੂਜੇ ਦੇ ਧਾਰਮਿਕ ਅਤੇ ਸੱਭਿਆਚਾਰਕ ਸਮਾਗਮਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਂਦੇ ਨੇ। ਕੱਲ ਰਾਜਪੁਰਾ ਵਿਖੇ 'ਇੱਕ ਸ਼ਾਮ ਸ਼ਿਵ ਕੇ ਨਾਮ' ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਰ ਤਿਉਹਾਰ ਮਿਲ ਕੇ ਮਨਾਉਣ ਦੀ ਇਸ ਦੀ ਸਦੀਆਂ ਪੁਰਾਣੀ ਰਿਵਾਇਤ ਨੂੰ ਸੰਭਾਲ ਕੇ ਰੱਖਣਾ ਚਾਹੀਦਾ ਏ। ਉਨ੍ਹਾਂ ਕਿਹਾ, "ਪੰਜਾਬ ਵਿੱਚ ਰਾਮ ਨੌਮੀ, ਗੁਰਪੁਰਬ ਜਾਂ ਈਦ ਸਮੇਤ ਸਾਰੇ ਤਿਉਹਾਰ ਮਿਲ ਕੇ ਮਨਾਏ ਜਾਂਦੇ ਨੇ। ਇਸ ਕਾਰਨ ਇੱਥੇ ਫਿਰਕੂ ਸਦਭਾਵਨਾ, ਭਾਈਚਾਰਕ ਸਾਂਝ ਅਤੇ ਅਖੰਡਤਾ ਦਾ ਰਿਸ਼ਤਾ ਬਹੁਤ ਮਜ਼ਬੂਤ ਏ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਸ਼ੁਰੂ ਕੀਤੀ ਏ ਜਿਸ ਤਹਿਤ ਸ਼ਰਧਾਲੂਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਅਤੇ ਹੋਰ ਪ੍ਰਮੁੱਖ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਦੀ ਸਹੂਲਤ ਦਿੱਤੀ ਜਾ ਰਹੀ ਏ।

---

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਸੂਬੇ ਦੇ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਵੱਡਾ ਸੁਧਾਰ ਹੋਇਆ ਏ। ਉਨ੍ਹਾਂ ਦੱਸਿਆ ਕਿ ਕੇਂਦਰੀ ਜਲ ਬੋਰਡ ਵੱਲੋਂ ਜਾਰੀ 2026 ਦੇ ਤਾਜ਼ਾ ਮੁਲਾਂਕਣ ਮੁਤਾਬਕ ਦਹਾਕਿਆਂ ਮਗਰੋਂ ਪਹਿਲੀ ਵਾਰ ਸੂਬੇ ਵਿੱਚ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਸੁਧਾਰ ਦਰਜ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਧਰਤੀ ਹੇਠਲੇ ਪਾਣੀ ਦੀ ਵਰਤੋਂ ਦੀ ਦਰ ਸਾਲ 2022 ਦੇ

164 ਫ਼ੀਸਦੀ ਤੋਂ ਘਟ ਕੇ ਸਾਲ 2026 ਵਿੱਚ 152.22 ਫ਼ੀਸਦੀ ਰਹਿ ਗਈ ਹੈ ਜਦੋਂ ਕਿ ਮੁਲਾਂਕਣ ਕੀਤੇ ਅਤਿ ਸ਼ੋਸ਼ਿਤ ਬਲਾਕਾਂ ਦੀ ਗਿਣਤੀ 117 ਤੋਂ ਘਟ ਕੇ 110 ਹੋ ਗਈ ਹੈ ਅਤੇ ਸੁਰੱਖਿਅਤ ਬਲਾਕਾਂ ਦੀ ਗਿਣਤੀ 17 ਤੋਂ ਵਧ ਕੇ 20 ਹੋ ਗਈ ਹੈ। ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ, "ਕੇਂਦਰੀ ਭੂਮੀਗਤ ਜਲ ਬੋਰਡ ਵੱਲੋਂ ਜਾਰੀ ਤਾਜ਼ਾ ਮੁਲਾਂਕਣ ਵਿੱਚ ਦਰਜ ਕੀਤਾ ਗਿਆ ਸੁਧਾਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਹਿਰੀ ਪਾਣੀ ਨੂੰ ਖੇਤਾਂ ਤੱਕ ਪਹੁੰਚਾ ਕੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਸਬੰਧੀ ਕੀਤੇ ਜਾ ਰਹੇ ਠੋਸ ਯਤਨਾਂ ਦਾ ਪ੍ਰਤੱਖ ਪ੍ਰਮਾਣ ਏ।

--------------------------------------------------------------------------

ਪੰਜਾਬ ਸਰਕਾਰ ਵੱਲੋਂ ਪੂਰੇ ਪੰਜਾਬ ਵਿੱਚ ਚਲਾਏ ਜਾ ਰਹੀ 'ਮਿਸ਼ਨ ਕਲੀਨ ਪੰਜਾਬ' ਮੁਹਿੰਮ ਸੂਬੇ ਭਰ ਵਿਚ ਜਾਰੀ ਏ। ਇਸੇ ਤਹਿਤ ਅੱਜ ਮੁਹਾਲੀ ਨਗਰ ਨਿਗਮ ਵਲੋਂ ਮੇਅਰ ਸਰਬਜੀਤ ਸਿੰਘ ਸਮਾਣਾ ਅਤੇ ਅਤੇ ਹੋਰਨਾਂ ਲੋਕਾਂ ਨੇ ਬਲੀਆਲੀ ਪਿੰਡ ਵਿੱਚ ਲੰਘਦੀ ਪਟਿਆਲਾ ਕੀ ਰਾਓ ਦੇ ਕੰਢੇ ਗੰਦਗੀ ਦੇ ਢੇਰ ਸਾਫ ਕਰਨ ਦੀ ਸ਼ੁਰੂਆਤ ਕੀਤੀ।

ਉਨ੍ਹਾਂ ਕਿਹਾ ਕਿ ਅੱਜ ਪਟਿਆਲਾ ਕੀ ਰਾਓ ਦਾ ਇਲਾਕਾ ਸਾਫ਼ ਕੀਤਾ ਜਾ ਰਿਹਾ ਏ ਅਤੇ ਫਿਰ ਬਾਕੀ 50 ਵਾਰਡਾਂ ਚ ਮੁਹਿੰਮ ਤਹਿਤ ਸਫਾਈ ਕੀਤੀ ਜਾਵੇਗੀ। ਉਹਨਾਂ ਲੋਕਾਂ ਨੂੰ ਪੂਰਨ ਸਹਿਯੋਗ ਦੇਣ ਦਾ ਅਪੀਲ

ਕੀਤੀ । ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਲਾਲੜੂ ਨੇੜੇ ਪਿੰਡ ਸਮਘੋਲੀ ਵਿਖੇ ਇਕ ਬਾਇਓ ਗੈਸ ਪਲਾਂਟ ਛੇਤੀ ਹੀ ਸ਼ੁਰੂ ਕੀਤਾ ਜਾ ਰਿਹਾ ਏ ਅਤੇ ਇਸ ਚ ਮੁਹਾਲੀ ਜ਼ਿਲ੍ਹੇ ਦੀ ਸਾਰੀਆਂ ਨਗਰ ਕੌਂਸਲਾਂ ਦਾ ਕੂੜਾ ਸੁੱਟਣ ਲਈ ਤਿਆਰ ਨੇ ਅਤੇ ਉਸਤੋਂ ਬਿਜਲੀ ਬਣਾਈ ਜਾਵੇਗੀ।

BYTE

ਉਧਰ ਪਠਾਨਕੋਟ ਦੇ ਵੱਖ-ਵੱਖ ਇਲਾਕਿਆਂ ਵਿੱਚ ਵੀ ਸਫਾਈ ਮੁਹਿੰਮ ਚਲਾਈ ਗਈ। ਇਹ ਮੌਕੇ ਵਿਧਾਨ ਸਭਾ ਹਲਕਾ ਪਠਾਨਕੋਟ ਦੇ ਇੰਚਾਰਜ  ਰੋਹਿਤ ਸਿਆਲ ਆਪਣੀ ਟੀਮ ਅਤੇ ਨਗਰ ਨਿਗਮ ਪਠਾਨਕੋਟ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਸਮੇਤ ਮਾਡਲ ਟਾਊਨ ਅਤੇ ਸੁੰਦਰ ਨਗਰ ਵਿਖੇ ਪਹੁੰਚੇ ਅਤੇ ਖੁਦ ਸਫਾਈ ਅਭਿਆਨ ਵਿੱਚ ਸ਼ਾਮਲ ਹੋਏ। ਸ੍ਰੀ  ਸਿਆਲ ਨੇ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਸਿਰਫ਼ ਸਫਾਈ ਕਰਨਾ ਹੀ ਨਹੀਂ, ਸਗੋਂ ਲੋਕਾਂ ਨੂੰ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਣ ਲਈ ਜਾਗਰੂਕ ਕਰਨਾ ਵੀ ਏ । ਉਨ੍ਹਾਂ ਕਿਹਾ ਕਿ ਜੇਕਰ ਸਾਡਾ ਆਲਾ-ਦੁਆਲਾ ਸਾਫ਼-ਸੁਥਰਾ ਹੋਵੇਗਾ ਤਾਂ ਅਸੀਂ ਕਈ ਬਿਮਾਰੀਆਂ ਤੋਂ ਬਚ ਸਕਦੇ ਹਾਂ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੂੜਾ ਸਿਰਫ਼ ਨਿਰਧਾਰਿਤ ਥਾਵਾਂ ’ਤੇ ਹੀ ਸੁੱਟਣ ਅਤੇ ਆਪਣੇ ਇਲਾਕੇ ਨੂੰ ਸਾਫ਼ ਰੱਖਣ ਵਿੱਚ ਨਗਰ ਨਿਗਮ ਦਾ ਸਹਿਯੋਗ ਕਰਨ।

---------------------------------------------------------------

ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਫਗਵਾੜਾ ਵਿਖੇ ਅੱਜ 500 ਡਰੋਨਾਂ ਰਾਹੀਂ ਗੁਰੂ ਸਾਹਿਬ ਜੀ ਦੀਆਂ ਸਿੱਖਿਆਵਾਂ ਤੇ ਮਾਨਵ ਸਾਂਝੀਵਾਲਤਾ ਦਾ ਸੁਨੇਹਾ ਦਿੱਤਾ ਜਾਵੇਗਾ । ਪੰਜਾਬ ਸਰਕਾਰ ਵਲੋਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅੱਜ ਫਗਵਾੜਾ ਦੇ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਸਟੇਡੀਅਮ ਵਿੱਚ ਇੱਕ ਸ਼ਾਨਦਾਰ ਡਰੋਨ ਸ਼ੋਅ ਕਰਵਾਉਣ ਜਾ ਰਹੀ ਏ । ਇਸ ਵਿੱਚ 500 ਡਰੋਨ ਆਸਮਾਨ ਵਿੱਚ ਇੱਕਠੇ ਉੱਡ ਕੇ ਰੌਸ਼ਨੀ ਅਤੇ ਸੁੰਦਰ ਨਜ਼ਾਰੇ ਪੇਸ਼ ਕਰਨਗੇ। ਇਸ ਸ਼ੋਅ ਵਿੱਚ ਆਧੁਨਿਕ ਟੈਕਨਾਲੋਜੀ, ਅਤੇ ਲਾਈਟਾਂ ਦੀ ਮਦਦ ਨਾਲ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਨ੍ਹਾਂ ਦੀ ਸਿੱਖਿਆਵਾਂ, ਬਰਾਬਰੀ ਅਤੇ ਇਨਸਾਫ਼ ਦੇ ਸੁਨੇਹੇ ਨੂੰ ਬਹੁਤ ਹੀ ਖ਼ੂਬਸੂਰਤ ਤਰੀਕੇ ਨਾਲ ਦਿਖਾਇਆ ਜਾਵੇਗਾ। ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਇਸ ਪ੍ਰੋਗਰਾਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਅਧਿਕਾਰੀਆਂ ਨੂੰ ਸਾਰੇ ਇੰਤਜ਼ਾਮ ਸਮੇਂ ਸਿਰ ਅਤੇ ਪੂਰੇ ਸੁਰੱਖਿਅਤ ਢੰਗ ਨਾਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਫਗਵਾੜਾ ਦੇ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਆ ਕੇ ਇਸ ਅਨੋਖੇ ਸ਼ੋਅ ਨੂੰ ਦੇਖਣ ਦੀ ਅਪੀਲ ਕੀਤੀ।

---------------------------------------------------------------------------

ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ ਨੇ ਕਿਹਾ ਕਿ ਸੂਬੇ ਦੀਆਂ 518 ਗਊਸ਼ਾਲਾਵਾਂ ਦੇ ਬਿਜਲੀ ਬਿੱਲ ਮੁਆਫ਼

ਕੀਤੇ ਗਏ ਨੇ ਜਿਨ੍ਹਾਂ ਵਿੱਚ ਹੁਸ਼ਿਆਰਪੁਰ ਦੀਆਂ 22 ਗਊਸ਼ਾਲਾਵਾਂ ਵੀ ਸ਼ਾਮਲ ਨੇ । ਉਹ ਕੱਲ ਹੁਸ਼ਿਆਰਪੁਰ ਵਿੱਚ ਗਊਸ਼ਾਲਾ ਪ੍ਰਬੰਧਕਾਂ ਨੂੰ ਰਜਿਸਟ੍ਰੇਸ਼ਨ ਸਰਟੀਫਿਕੇਟ ਸੌਂਪਣ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਜ਼ਖ਼ਮੀ ਗਊਧਨ ਦੇ ਇਲਾਜ ਲਈ ਸੂਬੇ ਵਿੱਚ 118 ਕਾਓ ਲਿਫਟਰ ਮੁਹੱਈਆ ਕਰਵਾਏ ਗਏ ਨੇ , ਜਿਨ੍ਹਾਂ ਵਿੱਚੋਂ 21 ਹੁਸ਼ਿਆਰਪੁਰ ਨੂੰ ਮਿਲੇ ਨੇ । ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਗਊਸ਼ਾਲਾਵਾਂ ਵਿੱਚ ਰੱਖੀ ਹਰੇਕ ਗਾਂ ਲਈ ਰੋਜ਼ਾਨਾ 61 ਰੁਪਏ ਦੇਣ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਏ ਅਤੇ ਜਲਦ ਹੀ ਇਸ ਦੀ ਵੰਡ ਸ਼ੁਰੂ ਕੀਤੀ ਜਾਵੇਗੀ। ਕੀਮਤੀ ਭਗਤ ਨੇ ਕਿਹਾ ਕਿ ਪੰਜਾਬ ਵਿੱਚ ਕਰੀਬ 80 ਹਜ਼ਾਰ ਬੇਸਹਾਰਾ ਗਊਧਨ ਸੜਕਾਂ ’ਤੇ ਏ । ਇਸ ਸਮੱਸਿਆ ਦੇ ਹੱਲ ਲਈ ਪਿਛਲੇ ਚਾਰ ਮਹੀਨਿਆਂ ਵਿੱਚ 62 ਮੀਟਿੰਗਾਂ ਕੀਤੀਆਂ ਗਈਆਂ ਨੇ ।

---------------------------------------------------------------------

ਭਾਰਤੀ ਹਵਾਈ ਫੌਜ ਦੀ ਪੰਜ-ਰੋਜ਼ਾ ਅੰਤਰ-ਰਾਸ਼ਟਰੀ ਸਕੁਐਸ਼ ਚੈਂਪੀਅਨਸ਼ਿਪ-2026 ਕੱਲ੍ਹ ਏਅਰ ਫੋਰਸ ਸਟੇਸ਼ਨ ਚੰਡੀਗੜ੍ਹ ਦੇ ਬੇਸ Repair ਡਿਪੂ ਵਿਖੇ ਸ਼ੁਰੂ ਹੋਈ। ਹਵਾਈ ਫੌਜ ਦੇ ਮੁਖੀ, ਏਅਰ ਚੀਫ਼ ਮਾਰਸ਼ਲ A.P. ਸਿੰਘ ਨੇ ਇਸਦਾ ਉਦਘਾਟਨ ਕੀਤਾ।

ਇਸ ਵਿੱਚ ਛੇ ਟੀਮਾਂ ਹਿੱਸਾ ਲੈ ਰਹੀਆਂ ਨੇ, ਜਿਨ੍ਹਾਂ ਵਿੱਚ ਬਰਤਾਨੀਆ ਅਤੇ ਸ੍ਰੀਲੰਕਾ ਦੀਆਂ ਦੋ ਅੰਤਰਰਾਸ਼ਟਰੀ ਟੀਮਾਂ ਦੇ ਨਾਲ-ਨਾਲ, ਸਾਬਕਾ ਖਿਡਾਰੀ ਵੀ ਸ਼ਾਮਲ ਨੇ।

---------------------------------------------------------------------